ਪੰਜਾਬ ਸਰਕਾਰ
ਸਿੱਖਿਆ ਵਿਭਾਗ

(ਵੈਬਸਾਈਟ ਰਾਹੀਂ)

ਵੱਲ:

1. ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ./ਐ.ਸਿੱ.),ਪੰਜਾਬ।
2. ਰਾਜ ਦੇ ਸਮੂਹ ਸਕੂਲ ਮੁਖੀ।

ਮੀਮੋ ਨੰ: AD(ਕੋ)SSE/2017(12)/2015035
ਮਿਤੀ: 19.01.18

ਵਿਸ਼ਾ:- ਸਕੂਲ ਸਮੇਂ ਦੌਰਾਨ ਮੋਬਾਈਲ ਫ਼ੋਨ ਦੀ ਵਰਤੋਂ ਨਾ ਕਰਨ ਬਾਰੇ।

ਹਵਾਲਾ:- ਇਸ ਦਫ਼ਤਰ ਦੇ ਪੱਤਰ ਨੰ: AD(ਕੋ)SSE/2017(12), ਮਿਤੀ, ਐਸ.ਏ.ਐਸ.ਨਗਰ: 18-08-2017 ਦੇ ਸੰਬੰਧ ਵਿੱਚ।

1.0 ਉਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਹਵਾਲਾ ਅਧੀਨ ਪੱਤਰ ਰਾਹੀਂ ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ./ਐ.ਸਿੱ.) ਅਤੇ ਸਮੂਹ ਸਕੂਲ ਮੁਖੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ ਕਿ ਸਕੂਲ ਸਮੇਂ ਦੌਰਾਨ ਅਧਿਆਪਕਾਂ ਵੱਲੋਂ ਮੋਬਾਈਲ ਫ਼ੋਨ ਦੀ ਵਰਤੋਂ ਕਰਨ ਤੋਂ ਗੁਰੇਜ਼ ਕਰਦੇ ਹੋਏ ਸੋਸ਼ਲ ਮੀਡਿਆ 'ਤੇ ਸਮਾਂ ਨਾ ਬਿਤਾਇਆ ਜਾਵੇ।

3.0 ਵਿਭਾਗ ਦੇ ਧਿਆਨ ਵਿੱਚ ਆਇਆ ਹੈ ਕਿ ਅਜੇ ਵੀ ਕਈ ਅਧਿਆਪਕਾਂ ਵੱਲੋਂ ਸਕੂਲ ਸਮੇਂ ਦੌਰਾਨ ਆਪਣਾ ਕਾਫ਼ੀ ਸਮਾਂ ਮੋਬਾਈਲ ਫ਼ੋਨ 'ਤੇ ਬਿਤਾਇਆ ਜਾਂਦਾ ਹੈ। ਅਜਿਹਾ ਕਰਨਾ ਅਧਿਆਪਕ ਵਰਗ ਦੀ ਨੇਕਨੀਤੀ 'ਤੇ ਵੀ ਪ੍ਰਸ਼ਨ ਚਿੰਨ੍ਹ ਲਗਾਉਂਦਾ ਹੈ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਅਤੇ ਮਾਨਸਿਕਤਾ 'ਤੇ ਵੀ ਇਸਦਾ ਮਾੜਾ ਅਸਰ ਪੈਂਦਾ ਹੈ।

4.0 ਉਕਤ ਦੇ ਮੱਦੇਨਜ਼ਰ ਸਮੂਹ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਲਿਖਤੀ ਤੌਰ 'ਤੇ ਆਪਣੇ ਸਕੂਲ ਦੇ ਸਾਰੇ ਅਧਿਆਪਕਾਂ ਨੂੰ ਇਹ ਹਦਾਇਤਾਂ ਕੀਤੀਆਂ ਜਾਣ ਕਿ ਉਹ ਕਲਾਸ ਵਿੱਚ ਮੋਬਾਈਲ ਫ਼ੋਨ ਦੀ ਵਰਤੋਂ ਨਹੀਂ ਕਰਨਗੇ। ਜਦੋਂ ਵੀ ਕੋਈ ਅਧਿਆਪਕ ਇਸ ਤਰ੍ਹਾਂ ਕਰਦਾ ਹੈ ਤਾਂ ਇਸਦੀ ਰਿਪੋਰਟ ਜ਼ਿਲ੍ਹਾ ਸਿੱਖਿਆ ਅਫ਼ਸਰ/ਮੁੱਖ ਦਫ਼ਤਰ ਨੂੰ ਤੁਰੰਤ ਭੇਜੀ ਜਾਵੇ।

5.0 ਉਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

ਸਕੱਤਰ,
ਸਕੂਲ ਸਿੱਖਿਆ, ਪੰਜਾਬ

ਪਿੱਠਅੰਕਣ ਨੰ: ਉਕਤ ਮਿਤੀ: 19.01.18

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1. ਪੀ.ਏ. ਟੂ ਸਕੱਤਰ, ਸਕੂਲ ਸਿੱਖਿਆ,ਪੰਜਾਬ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ,ਪੰਜਾਬ।
3. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.),ਪੰਜਾਬ।
4. ਡਾਇਰੈਕਟਰ, ਐਸ.ਸੀ.ਈ.ਆਰ.ਟੀ.,ਪੰਜਾਬ।
5. ਸਮੂਹ ਮੰਡਲ ਸਿੱਖਿਆ ਅਫ਼ਸਰ, ਪੰਜਾਬ।
6. ਸਮੂਹ ਜ਼ਿਲ੍ਹਾ ਸਿੱਖਿਆ ਸੁਧਾਰ ਕਮੇਟੀਆਂ,ਪੰਜਾਬ।

ਸਕੱਤਰ,
ਸਕੂਲ ਸਿੱਖਿਆ, ਪੰਜਾਬ